ਆਸਾ ਮਹਲਾ ੧ ॥ ਕਰਮ ਕਰਤੂਤਿ ਬੇਲਿ ਬਿਸਥਾਰੀ ਰਾਮ ਨਾਮੁ ਫਲੁ ਹੂਆ ॥ ਤਿਸੁ ਰੂਪੁ ਨ ਰੇਖ ਅਨਾਹਦੁ ਵਾਜੈ ਸਬਦੁ ਨਿਰੰਜਨਿ ਕੀਆ ॥੧॥ ਕਰੇ ਵਖਿਆਣੁ ਜਾਣੈ ਜੇ ਕੋਈ ॥ ਅੰਮ੍ਰਿਤੁ ਪੀਵੈ ਸੋਈ ॥੧॥ ਰਹਾਉ ॥ ਜਿਨ੍ ਪੀਆ ਸੇ ਮਸਤ ਭਏ ਹੈ ਤੂਟੇ ਬੰਧਨ ਫਾਹੇ ॥ ਜੋਤੀ ਜੋਤਿ ਸਮਾਣੀ ਭੀਤਰਿ ਤਾ ਛੋਡੇ ਮਾਇਆ ਕੇ ਲਾਹੇ ॥੨॥ ਸਰਬ ਜੋਤਿ ਰੂਪੁ ਤੇਰਾ ਦੇਖਿਆ ਸਗਲ ਭਵਨ ਤੇਰੀ ਮਾਇਆ ॥ ਰਾਰੈ ਰੂਪਿ ਨਿਰਾਲਮੁ ਬੈਠਾ ਨਦਰਿ ਕਰੇ ਵਿਚਿ ਛਾਇਆ ॥੩॥ ਬੀਣਾ ਸਬਦੁ ਵਜਾਵੈ ਜੋਗੀ ਦਰਸਨਿ ਰੂਪਿ ਅਪਾਰਾ ॥ ਸਬਦਿ ਅਨਾਹਦਿ ਸੋ ਸਹੁ ਰਾਤਾ ਨਾਨਕੁ ਕਹੈ ਵਿਚਾਰਾ ॥੪॥੮॥ {ਪੰਨਾ 351}

ਪਦਅਰਥ:- ਕਰਮ ਕਰਤੂਤਿ—ਚੰਗੇ ਕਰਮ, ਚੰਗਾ ਆਚਰਨ। ਬੇਲਿ—ਵੇਲ। ਬਿਸਥਾਰੀ—ਖਿਲਰੀ ਹੋਈ। ਰੇਖ—ਚਿਹਨ। ਅਨਾਹਦੁ—ਬਿਨਾ ਵਜਾਇਆਂ, ਇਕ-ਰਸ {ਸਾਜ ਤਦੋਂ ਹੀ ਵੱਜਦਾ ਹੈ ਜਦੋਂ ਉਸ ਨੂੰ ਉਂਗਲੀਆਂ ਨਾਲ ਛੇੜੀਏ। ਜਦੋਂ ਉਂਗਲੀ ਦੀ ਚੋਟ ਬੰਦ ਕਰ ਦਈਏ, ਸਾਜ ਬੰਦ ਹੋ ਜਾਂਦਾ ਹੈ}। ਸਬਦੁ—ਸਿਫ਼ਤਿ-ਸਾਲਾਹ ਦੀ ਰੌ। ਨਿਰੰਜਨਿ—ਨਿਰੰਜਨ ਨੇ, ਉਸ ਪਰਮਾਤਮਾ ਨੇ ਜੋ ਅੰਜਨ (ਮਾਇਆ ਦੀ ਕਾਲਖ) ਤੋਂ ਪਰੇ ਹੈ।1।

ਜਾਣੈ—ਜਾਣ-ਪਛਾਣ ਪਾ ਲਏ, ਸਾਂਝ ਪਾ ਲਏ।1। ਰਹਾਉ।

ਜਿਨ੍—ਜਿਨ੍ਹਾਂ ਮਨੁੱਖਾਂ ਨੇ। ਜੋਤੀ ਜੋਤਿ—ਪਰਮਾਤਮਾ ਦੀ ਜੋਤਿ। ਲਾਹੇ—ਲਾਭ।2।

ਸਰਬ ਜੋਤਿ—ਸਾਰੀਆਂ ਜੋਤਾਂ ਵਿਚ। ਰਾਰੈ—ਰਾਰ ਵਿਚ, ਝਗੜੇ ਵਿਚ। ਰਾਰੈ ਰੂਪਿ—ਝਗੜਾ-ਰੂਪ ਸੰਸਾਰ ਵਿਚ। ਨਿਰਾਲਮੁ—ਨਿਰਾਲਾ, ਵੱਖਰਾ, ਨਿਰਲੇਪ। ਛਾਇਆ—ਪ੍ਰਤਿਬਿੰਬ, ਅਕਸ।3।

ਬੀਣਾ—ਬੀਨ। ਸਬਦੁ—ਸਿਫ਼ਤਿ-ਸਾਲਾਹ ਦੀ ਬਾਣੀ। ਦਰਸਨਿ—ਦਰਸਨ ਵਿਚ, ਦ੍ਰਿਸ਼ ਵਿਚ। ਰੂਪਿ—ਰੂਪ ਵਿਚ, ਸੁੰਦਰਤਾ ਵਿਚ। ਸਬਦਿ—ਸ਼ਬਦ ਵਿਚ (ਜੁੜ ਕੇ) {ਲਫ਼ਜ਼ 'ਸਬਦੁ' ਅਤੇ 'ਸਬਦਿ' ਦੇ ਜੋੜਾਂ ਵਿਚ ਵਿਆਕਰਣਿਕ ਫ਼ਰਕ ਹੈ, ਅਰਥ ਭੀ ਵਖ ਵਖ}। ਅਨਾਹਦਿ—ਇਕ-ਰਸ ਵਿਚ। ਸਹੁ ਰਾਤਾ—ਖਸਮ-ਪ੍ਰਭੂ ਦੇ ਰੰਗ ਵਿਚ ਰੰਗਿਆ ਹੋਇਆ। ਵਿਚਾਰਾ—ਵਿਚਾਰ, ਖ਼ਿਆਲ।4।

ਅਰਥ:- ਜੇ ਕੋਈ ਮਨੁੱਖ (ਸਿਮਰਨ ਦੀ ਰਾਹੀਂ) ਪਰਮਾਤਮਾ ਨਾਲ ਜਾਣ-ਪਛਾਣ ਪਾ ਲਏ ਤੇ ਉਸ ਦੀ ਸਿਫ਼ਤਿ-ਸਾਲਾਹ ਕਰਦਾ ਰਹੇ ਤਾਂ ਉਹ ਨਾਮ-ਅੰਮ੍ਰਿਤ ਪੀਂਦਾ ਹੈ (ਸਿਮਰਨ ਤੋਂ ਪੈਦਾ ਹੋਣ ਵਾਲਾ ਆਤਮਕ ਆਨੰਦ ਮਾਣਦਾ ਹੈ)।1। ਰਹਾਉ।

(ਸਿਮਰਨ ਦੀ ਬਰਕਤਿ ਨਾਲ) ਉਸ ਮਨੁੱਖ ਦਾ ਉੱਚਾ ਆਚਰਨ ਬਣਦਾ ਹੈ (ਇਹ, ਮਾਨੋ, ਉੱਚੀ ਮਨੁੱਖਤਾ ਦੀ ਫੁੱਟੀ ਹੋਈ) ਖਿਲਰੀ ਹੋਈ ਵੇਲ ਹੈ, (ਇਸ ਵੇਲ ਨੂੰ) ਪਰਮਾਤਮਾ ਦਾ ਨਾਮ-ਫਲ ਲੱਗਦਾ ਹੈ (ਉਸ ਦੀ ਸੁਰਤਿ ਨਾਮ ਵਿਚ ਜੁੜੀ ਰਹਿੰਦੀ ਹੈ) ਮਾਇਆ-ਰਹਿਤ ਪ੍ਰਭੂ ਨੇ ਉਸ ਦੇ ਅੰਦਰ ਸਿਫ਼ਤਿ-ਸਾਲਾਹ ਦਾ ਇਕ ਪ੍ਰਵਾਹ ਚਲਾ ਦਿੱਤਾ ਹੁੰਦਾ ਹੈ (ਉਹ ਪ੍ਰਵਾਹ, ਮਾਨੋ, ਇਕ ਸੰਗੀਤ ਹੈ) ਜੋ ਇਕ-ਰਸ ਪ੍ਰਭਾਵ ਪਾਈ ਰੱਖਦਾ ਹੈ, ਪਰ ਉਸ ਦਾ ਕੋਈ ਰੂਪ-ਰੇਖ ਬਿਆਨ ਨਹੀਂ ਹੋ ਸਕਦਾ।1।

ਜਿਨ੍ਹਾਂ ਜਿਨ੍ਹਾਂ ਜੀਵਾਂ ਨੇ ਉਹ ਨਾਮ-ਰਸ ਪੀਤਾ, ਉਹ ਮਸਤ ਹੋ ਗਏ। (ਉਹਨਾਂ) ਦੇ (ਮਾਇਆ ਵਾਲੇ) ਬੰਧਨ ਤੇ ਫਾਹੇ ਟੁੱਟ ਗਏ, ਉਹਨਾਂ ਦੇ ਅੰਦਰ ਪਰਮਾਤਮਾ ਦੀ ਜੋਤਿ ਟਿਕ ਗਈ, ਉਹਨਾਂ ਨੇ ਮਾਇਆ ਦੀ ਖ਼ਾਤਰ (ਦਿਨ ਰਾਤ ਦੀ) ਦੌੜ-ਭੱਜ ਛੱਡ ਦਿੱਤੀ (ਭਾਵ, ਉਹ ਮਾਇਆ ਦੇ ਮੋਹ-ਜਾਲ ਵਿਚੋਂ ਬਚ ਗਏ)।2।

(ਜਿਸ ਮਨੁੱਖ ਨੇ ਸਿਮਰਨ ਦੀ ਬਰਕਤਿ ਨਾਲ ਨਾਮ-ਰਸ ਪੀਤਾ, ਉਸ ਨੇ, ਹੇ ਪ੍ਰਭੂ!) ਸਾਰੇ ਜੀਵਾਂ ਵਿਚ ਤੇਰਾ ਹੀ ਦੀਦਾਰ ਕੀਤਾ, ਉਸ ਨੇ ਸਾਰੇ ਭਵਨਾਂ ਵਿਚ ਤੇਰੀ ਪੈਦਾ ਕੀਤੀ ਮਾਇਆ ਪ੍ਰਭਾਵ ਪਾਂਦੀ ਵੇਖੀ। (ਉਹ ਮਨੁੱਖ ਵੇਖਦਾ ਹੈ ਕਿ) ਪਰਮਾਤਮਾ ਝਗੜੇ-ਰੂਪ ਸੰਸਾਰ ਵਿਚੋਂ ਨਿਰਾਲਾ ਬੈਠਾ ਹੋਇਆ ਹੈ, ਤੇ ਵਿਚੇ ਹੀ ਪ੍ਰਤਿਬਿੰਬ ਵਾਂਗ ਵਿਆਪਕ ਹੋ ਕੇ ਵੇਖ ਭੀ ਰਿਹਾ ਹੈ।3।

ਉਹੀ (ਮਨੁੱਖ ਹੈ ਅਸਲ) ਜੋਗੀ ਅਪਾਰ ਪਰਮਾਤਮਾ ਦੇ ਦ੍ਰਿੱਸ਼ ਵਿਚ (ਮਸਤ ਹੋ ਕੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ-ਰੂਪ ਬੀਣਾ ਵਜਾਂਦਾ ਰਹਿੰਦਾ ਹੈ। ਨਾਨਕ (ਆਪਣਾ ਇਹ) ਖ਼ਿਆਲ ਦੱਸਦਾ ਹੈ ਕਿ ਇਕ-ਰਸ ਸਿਫ਼ਤਿ-ਸਾਲਾਹ ਵਿਚ ਜੁੜੇ ਰਹਿਣ ਦੇ ਕਾਰਨ ਉਹ ਮਨੁੱਖ ਖਸਮ-ਪ੍ਰਭੂ ਦੇ ਰੰਗ ਵਿਚ ਰੰਗਿਆ ਰਹਿੰਦਾ ਹੈ।4।8।